***ਪ੍ਰੈਸ ਨੋਟ***
***(ਫਿਰੋਜ਼ਪੁਰ ਪੁਲਿਸ)***

**ਮਿਤੀ 05 ਅਕਤੂਬਰ 2023**

ਜਿਲ੍ਹਾ ਪੁਲਿਸ ਫਿਰੋਜਪੁਰ ਵੱਲੋਂ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ ਬਿੱਟੂ ਸਿੰਘ ਪੁੱਤਰ ਗੇਜਾ ਸਿੰਘ ਵਾਸੀ ਸਮਾਧੀ ਮੁਹੱਲਾ ਜੀਰਾ, ਥਾਣਾ ਸਿਟੀ ਜੀਰਾ 10,00,000/- ਰੁਪਏ ਦੀ ਬਣਾਈ ਗਈ ਗੈਰ ਕਾਨੂੰਨੀ ਜਾਇਦਾਦ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 ਤਹਿਤ ਫਰੀਜ਼ ਕਰਵਾਈ ਗਈ ਹੈ, **17 ਨਸ਼ਾ ਤਸਕਰਾਂ** ਦੀ ਗੈਰ ਕਾਨੂੰਨੀ ਜਾਇਦਾਦ ਦੇ ਫਰੀਜਿੰਗ ਆਰਡਰ ਅ/ਧ 68-ਐਫ ਐਨ.ਡੀ.ਪੀ.ਐਸ. ਐਕਟ 1985 ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਪਾਸ ਭੇਜੇ ਜਾ ਚੁੱਕੇ ਹਨ, ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **15 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ ਅਟੈਚ ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਇਸ ਤੋਂ ਇਲਾਵਾ ਨਸ਼ਿਆਂ ਵਿਰੁੱਧ ਵੱਡੀ ਕਾਰਵਾਈ ਕਰਦੇ ਹੋਏ ।

**ਸ਼੍ਰੀ ਦੀਪਕ ਹਿਲੌਰੀ, ਆਈ.ਪੀ.ਐੱਸ, ਸੀਨੀਅਰ ਕਪਤਾਨ ਪੁਲਿਸ, ਫਿਰੋਜਪੁਰ ਜੀ** ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ. ਪੰਜਾਬ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆ ਪਰ ਪੂਰੀ ਤਰਾਂ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾ ਰਹੀ ਹੈ। ਇਸ ਮੁਹਿਮ ਤਹਿਤ ਜਿਲ੍ਹਾ ਪੁਲਿਸ ਦੁਆਰਾ ਜਿਲ੍ਹਾ ਦੇ ਸਮੂਹ ਗਜਟਿਡ ਅਧਿਕਾਰੀਆ ਦੀ ਨਿਗਰਾਨੀ ਹੇਠ ਸਪੈਸ਼ਲ ਟੀਮਾਂ ਬਣਾਈਆਂ ਗਈਆਂ ਹਨ, ਜੋ ਮੁਸ਼ਤੈਦੀ ਨਾਲ ਪੂਰੇ ਏਰੀਆ ਅੰਦਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰ ਰਹੀਆਂ ਹਨ।

**ਇਸ ਮੁਹਿੰਮ ਤਹਿਤ ਸ਼੍ਰੀ ਰਣਧੀਰ ਕੁਮਾਰ, ਆਈ.ਪੀ.ਐਸ, ਕਪਤਾਨ ਪੁਲਿਸ (ਇੰਨ:) ਫਿਰੋਜਪੁਰ, ਦੀ ਨਿਗਰਾਨੀ ਹੇਠ ਕੰਮ ਕਰ ਰਹੀ ਪੁਲਿਸ ਟੀਮਾਂ ਵੱਲੋਂ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀ-ਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ** ਬਿੱਟੂ ਸਿੰਘ ਪੁੱਤਰ ਗੇਜਾ ਸਿੰਘ **ਵਾਸੀ ਸਮਾਧੀ ਮੁਹੱਲਾ ਜੀਰਾ, ਥਾਣਾ ਸਿਟੀ ਜੀਰਾ ਦੁਆਰਾ 10,00,000/- ਰੁਪਏ ਦੀ ਪ੍ਰਾਪਰਟੀ, ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ ਬਣਾਈ ਗਈ ਗੈਰ ਕਾਨੂੰਨੀ ਜਾਇਦਾਦ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 ਤਹਿਤ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਵੱਲੋਂ ਫਰੀਜ਼ ਕੀਤਾ ਗਿਆ ਹੈ। ਇਹਨਾਂ ਹੁਕਮਾ ਤਹਿਤ ਅੱਜ ਮਿਤੀ 05-10-2023 ਨੂੰ ਹਲਕਾ ਡੀ.ਐੱਸ.ਪੀ. ਜੀਰਾ ਅਤੇ ਮੁੱਖ ਅਫਸਰ ਥਾਣਾ ਸਿਟੀ ਜੀਰਾ ਵੱਲੋਂ ਫਰੀਜਿੰਗ ਦੇ ਆਰਡਰਾਂ ਨੂੰ ਬਿੱਟੂ ਸਿੰਘ ਉਕਤ ਦੇ ਘਰ ਦੇ ਬਾਹਰ ਚਿਪਕਾਇਆ ਗਿਆ ਹੈ।**



**ਇਸ ਤਰਾਂ ਸਾਲ 2023 ਦੌਰਾਨ ਨਸ਼ਾ ਤਸਕਰਾ ਵੱਲੋਂ** ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ **ਨਜਾਇਜ ਸਾਧਨਾਂ ਰਾਹੀ ਬਣਾਈ** ਗਈ **ਕੁੱਲ 40,457,980/- ਰੁਪਏ ਦੀ** ਗੈਰ ਕਾਨੂੰਨੀ ਜਾਇਦਾਦ **ਨੂੰ ਫਰੀਜ਼ ਕਰਵਾਈ ਜਾ ਚੁੱਕਾ ਹੈ।** ਜਿਸ ਕਰਕੇ ਸਬੰਧਿਤ ਨਸ਼ਾ ਤਸਕਰ ਹੁਣ ਇਸ ਗੈਰ-ਕਾਨੂੰਨੀ ਜਾਇਦਾਦ ਨੂੰ ਕਿਸੇ ਵੀ ਵਿਅਕਤੀ ਨੂੰ ਵੇਚ/ਟਰਾਂਸਫਰ ਨਹੀ ਕਰ ਸਕਦੇ।

**17 ਨਸ਼ਾ ਤਸਕਰਾਂ** ਦੀ ਗੈਰ ਕਾਨੂੰਨੀ ਜਾਇਦਾਦ ਦੇ ਫਰੀਜਿੰਗ ਆਰਡਰ ਅ/ਧ 68-ਐਫ ਐਨ.ਡੀ.ਪੀ.ਐਸ. ਐਕਟ 1985 ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਪਾਸ ਭੇਜੇ ਜਾ ਚੁੱਕੇ ਹਨ।

ਇਸ ਤੋਂ ਇਲਾਵਾ ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **15 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ **ਜਬਤ** ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ।